ਮਾਲੀ ਗਉੜਾ ਮਹਲਾ ੫ ਦੁਪਦੇ ੧ੴ ਸਤਿਗੁਰ ਪ੍ਰਸਾਦਿ ॥ ਹਰਿ ਸਮਰਥ ਕੀ ਸਰਨਾ ॥ ਜੀਉ ਪਿੰਡੁ ਧਨੁ ਰਾਸਿ ਮੇਰੀ ਪ੍ਰਭ ਏਕ ਕਾਰਨ ਕਰਨਾ ॥੧॥ ਰਹਾਉ ॥ ਸਿਮਰਿ ਸਿਮਰਿ ਸਦਾ ਸੁਖੁ ਪਾਈਐ ਜੀਵਣੈ ਕਾ ਮੂਲੁ ॥ ਰਵਿ ਰਹਿਆ ਸਰਬਤ ਠਾਈ ਸੂਖਮੋ ਅਸਥੂਲ ॥੧॥ ਆਲ ਜਾਲ ਬਿਕਾਰ ਤਜਿ ਸਭਿ ਹਰਿ ਗੁਨਾ ਨਿਤਿ ਗਾਉ ॥ ਕਰ ਜੋੜਿ ਨਾਨਕੁ ਦਾਨੁ ਮਾਂਗੈ ਦੇਹੁ ਅਪਨਾ ਨਾਉ ॥੨॥੧॥੬॥ {ਪੰਨਾ 987}

ਪਦਅਰਥ:- ਸਮਰਥ—ਸਭ ਤਾਕਤਾਂ ਦਾ ਮਾਲਕ। ਜੀਉ—ਜਿੰਦ। ਪਿੰਡੁ—ਸਰੀਰ। ਰਾਸਿ—ਸਰਮਾਇਆ, ਪੂੰਜੀ। ਕਾਰਨ ਕਰਨਾ—{ਕਰਨਾ—ਸ੍ਰਿਸ਼ਟੀ। ਕਾਰਨ—ਮੂਲ} ਸ੍ਰਿਸ਼ਟੀ ਦਾ ਮੂਲ।1। ਰਹਾਉ।

ਸਿਮਰਿ—ਸਿਮਰ ਕੇ। ਪਾਈਐ—ਪ੍ਰਾਪਤ ਕਰਦਾ ਹੈ। ਮੂਲੁ—ਸਹਾਰਾ, ਮੁੱਢ। ਸਰਬਤ ਠਾਈ—ਸਭਨੀਂ ਥਾਈਂ। ਸੂਖਮ—ਬਹੁਤ ਹੀ ਬਾਰੀਕ, ਅਦ੍ਰਿਸ਼ਟ ਚੀਜ਼ਾਂ। ਅਸਥੂਲ—ਬਹੁਤ ਮੋਟੇ ਪਦਾਰਥ।1।

ਆਲ—{AwlX} ਘਰ। ਆਲ ਜਾਲ—ਘਰ ਦੇ ਜੰਜਾਲ। ਤਜਿ—ਛੱਡ ਕੇ। ਨਿਤ—ਸਦਾ। ਗਾਉ—ਗਾਇਆ ਕਰੋ। ਕਰ—(ਦੋਵੇਂ) ਹੱਥ {ਬਹੁ-ਵਚਨ}। ਜੋੜਿ—ਜੋੜ ਕੇ। ਮਾਂਗੈ—ਮੰਗਦਾ ਹੈ।2।

ਅਰਥ:- ਹੇ ਭਾਈ! ਮੈਂ ਤਾਂ ਉਸ ਪਰਮਾਤਮਾ ਦੀ ਸਰਨ ਪਿਆ ਹਾਂ ਜੋ ਸਭ ਤਾਕਤਾਂ ਦਾ ਮਾਲਕ ਹੈ। ਮੇਰੀ ਜਿੰਦ, ਮੇਰਾ ਸਰੀਰ, ਮੇਰਾ ਧਨ, ਮੇਰਾ ਸਰਮਾਇਆ—ਸਭ ਕੁਝ ਉਹ ਪਰਮਾਤਮਾ ਹੀ ਹੈ ਜੋ ਸਾਰੇ ਜਗਤ ਦਾ ਮੂਲ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਸਦਾ ਆਤਮਕ ਆਨੰਦ ਹਾਸਲ ਕਰਦਾ ਹੈ, ਹਰਿ-ਨਾਮ ਹੀ ਜ਼ਿੰਦਗੀ ਦਾ ਸਹਾਰਾ ਹੈ। ਇਹਨਾਂ ਦਿੱਸਦੇ ਅਣਦਿੱਸਦੇ ਪਦਾਰਥਾਂ ਵਿਚ ਸਭਨੀਂ ਥਾਈਂ ਪਰਮਾਤਮਾ ਹੀ ਮੌਜੂਦ ਹੈ।1।

ਹੇ ਭਾਈ! ਮਾਇਆ ਦੇ ਮੋਹ ਦੇ ਜੰਜਾਲ ਛੱਡ ਕੇ ਵਿਕਾਰ ਤਿਆਗ ਕੇ ਸਦਾ ਪਰਮਾਤਮਾ ਦੇ ਗੁਣ ਗਾਇਆ ਕਰ। ਦਾਸ ਨਾਨਕ (ਤਾਂ ਆਪਣੇ ਦੋਵੇਂ) ਹੱਥ ਜੋੜ ਕੇ (ਇਹੀ) ਦਾਨ ਮੰਗਦਾ ਹੈ (ਕਿ ਹੇ ਪ੍ਰਭੂ! ਮੈਨੂੰ) ਆਪਣਾ ਨਾਮ ਦੇਹ।2।1।6।